ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਿਰੋਜ਼ਪੁਰ

ਪ੍ਰੈਸ ਨੋਟ 1

ਜ਼ਿਲ੍ਹਾ ਮੈਜਿਸਟਰੇਟ ਵੱਲੋਂ ਕਣਕ ਦੀ ਰਹਿੰਦ-ਖੂਹਿੰਦ ਨੂੰ ਅੱਗ ਲਗਾਉਣ 'ਤੇ ਪਾਬੰਦੀ ਦੇ ਹੁਕਮ ਜਾਰੀ

ਫਿਰੋਜ਼ਪੁਰ 15 ਅਪ੍ਰੈਲ 2020.

ਜ਼ਿਲ੍ਹਾ ਮੈਜਿਸਟਰੇਟ ਸ. ਕੁਲਵੰਤ ਸਿੰਘ ਵੱਲੋਂ ਫ਼ੌਜਦਾਰੀ ਜ਼ਾਬਤਾ, ਸੰਘਤਾ 1973(2 ਆਫ਼ 1972) ਦੀ ਧਾਰਾ 144 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਫਿਰੋਜ਼ਪੁਰ ਵਿਚ ਕਣਕ ਦੀ ਰਹਿੰਦ-ਖੂਹਿੰਦ ਨੂੰ ਅੱਗ ਲਗਾਉਣ 'ਤੇ ਪੂਰਨ ਤੌਰ 'ਤੇ ਪਾਬੰਦੀ ਲਗਾਈ ਗਈ ਹੈ।

ਜ਼ਿਲ੍ਹਾ ਮੈਜਿਸਟਰੇਟ ਨੇ ਦੱਸਿਆ ਕਿ ਆਮ ਤੌਰ 'ਤੇ ਦੇਖਣ ਵਿਚ ਆਇਆ ਹੈ ਕਿ ਜ਼ਮੀਨ ਮਾਲਕਾਂ ਵੱਲੋਂ ਕਣਕ ਦੀ ਰਹਿੰਦ-ਖੂਹਿੰਦ ਨੂੰ ਅੱਗ ਲਗਾ ਦਿੱਤੀ ਜਾਂਦੀ ਹੈ ਜਿਸ ਨਾਲ ਹਵਾ ਵਿਚ ਧੂੰਏਂ ਨਾਲ ਬਹੁਤ ਪ੍ਰਦੂਸ਼ਣ ਫੈਲਦਾ ਹੈ ਅਤੇ ਵਾਤਾਵਰਨ 'ਤੇ ਮਾੜਾ ਅਸਰ ਪੈਂਦਾ ਹੈ। ਉਨ੍ਹਾਂ ਦੱਸਿਆ ਕਿ ਕਣਕ ਦੇ ਨਾੜ ਨੂੰ ਅੱਗ ਲਗਾਉਣ ਨਾਲ ਇੱਕ ਤਾਂ ਜਿੱਥੇ ਨਾਲ ਲੱਗਦੇ ਖੇਤਾਂ ਵਿਚ ਅੱਗ ਲੱਗਣ ਦਾ ਡਰ ਰਹਿੰਦਾ ਹੈ ਉੱਥੇ ਹੀ ਧੂੰਏਂ ਵਿਚ ਸੜਕਾਂ 'ਤੇ ਆਵਾਜਾਈ ਵਿਚ ਵਿਘਨ ਪੈਂਦਾ ਹੈ ਅਤੇ ਕੋਈ ਦੁਰਘਟਨਾ ਵੀ ਵਾਪਰ ਸਕਦੀ ਹੈ। ਇਸ ਤੋਂ ਇਲਾਵਾ ਅੱਗ ਲਗਾਉਣ ਨਾਲ ਜ਼ਮੀਨ ਵਿਚਲੇ ਲਾਭਦਾਇਕ ਜੀਵ ਜੰਤੂਆਂ ਦੀ ਵਿਰਾਸਤ ਦਾ ਸਰਮਾਇਆ ਖ਼ਤਮ ਹੋ ਜਾਂਦਾ ਹੈ ਅਤੇ ਜ਼ਮੀਨ ਵਿਚ ਉਪਜਾਊ ਸ਼ਕਤੀ ਵੀ ਘੱਟ ਹੋ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਅੱਗ ਲਗਾਉਣ ਨਾਲ ਪੈਦਾ ਹੋਏ ਧੂੰਏਂ ਦਾ ਮਨੁੱਖੀ ਸਿਹਤ ਤੇ ਮਾੜਾ ਅਸਰ ਪੈਦਾ ਹੈ ਅਤੇ ਬਿਮਾਰੀਆਂ ਲੱਗਣ ਦਾ ਡਰ ਬਣਿਆ ਰਹਿੰਦਾ ਹੈ। ਇਸ ਨੂੰ ਮੁੱਖ ਰੱਖਦੇ ਹੋਏ ਇਹ ਪਾਬੰਦੀ ਲੱਗਦੀ ਜ਼ਰੂਰੀ ਹੈ। ਇਹ ਹੁਕਮ 15 ਜੂਨ 2020. ਤੱਕ ਲਾਗੂ ਰਹਿਣਗੇ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ 2

ਸਬਜ਼ੀ ਮੰਡੀ ਫਿਰੋਜ਼ਪੁਰ ਸ਼ਹਿਰ ਵਿਚ ਭੀੜ ਨੂੰ ਕੰਟਰੋਲ ਕਰਨ ਲਈ ਨਵੇਂ ਹੁਕਮ ਜਾਰੀ

ਸਬਜ਼ੀ ਮੰਡੀ ਸਵੇਰੇ 5 ਵਜੇ ਤੋਂ ਸਵੇਰੇ 8 ਵਜੇ ਤੱਕ ਅਤੇ ਫਲ ਮੰਡੀ ਸਵੇਰੇ 9 ਵਜੇ ਤੋਂ 11 ਵਜੇ ਤੱਕ ਲੱਗੇਗੀ

ਫਿਰੋਜ਼ਪੁਰ, 15 ਅਪ੍ਰੈਲ 2020.

ਡਿਪਟੀ ਕਮਿਸ਼ਨਰ ਸ. ਕੁਲਵੰਤ ਸਿੰਘ ਨੇ ਦੱਸਿਆ ਕਿ ਕਰੋਨਾ ਵਾਇਰਸ (ਕੋਵਿਡ-19) ਨੂੰ ਫੈਲਣ ਤੋਂ ਰੋਕਣ ਲਈ ਜ਼ਿਲ੍ਹੇ ਭਰ ਵਿਚ ਕਰਫ਼ਿਊ ਲਗਾਇਆ ਗਿਆ ਹੈ। ਕਰਫ਼ਿਊ ਦੌਰਾਨ ਫਿਰੋਜ਼ਪੁਰ ਸ਼ਹਿਰ ਸਬਜ਼ੀ ਮੰਡੀ ਵਿਚ ਸਬਜ਼ੀ ਅਤੇ ਫਲਾਂ ਨਾਲ ਸਬੰਧਿਤ ਵਪਾਰੀਆਂ, ਆੜ੍ਹਤੀਆਂ ਅਤੇ ਕਿਸਾਨਾਂ ਨੂੰ ਕੁੱਝ ਛੂਟ ਦਿੱਤੀ ਗਈ ਸੀ ਪਰ ਦੇਖਣ ਵਿਚ ਆਇਆ ਹੈ ਕਿ ਮੰਡੀ ਵਿਚ ਭੀੜ ਜ਼ਿਆਦਾ ਇਕੱਠੀ ਹੋ ਜਾਂਦੀ ਹੈ। ਜਿਸ ਦੇ ਮੱਦੇਨਜ਼ਰ ਨਵੇਂ ਹੁਕਮ ਜਾਰੀ ਕੀਤੇ ਗਏ ਹਨ।

ਉਨ੍ਹਾਂ ਦੱਸਿਆ ਕਿ ਨਵੇਂ ਹੁਕਮਾਂ ਅਨੁਸਾਰ ਸਬਜ਼ੀ ਮੰਡੀ ਫਿਰੋਜ਼ਪੁਰ ਸ਼ਹਿਰ ਵਿਚ ਭੀੜ ਨੂੰ ਕੰਟਰੋਲ ਕਰਨ ਅਤੇ ਕਿਸਾਨਾਂ ਨੂੰ ਸਹੂਲਤ ਦੇਣ ਲਈ ਸਬਜ਼ੀ ਮੰਡੀ ਅਤੇ ਫਲ ਮੰਡੀ ਨੂੰ ਦੋ ਹਿੱਸਿਆ ਵਿਚ ਵੰਡਿਆਂ ਗਿਆ ਹੈ। ਜਿਸ ਦੇ ਮੁਤਾਬਿਕ ਸਬਜ਼ੀ ਮੰਡੀ ਸਵੇਰੇ 5 ਵਜੇ ਤੋਂ ਸਵੇਰੇ 8 ਵਜੇ ਤੱਕ ਲੱਗੇਗੀ ਜਿਸ ਵਿਚ ਸਬਜ਼ੀ ਨਾਲ ਸਬੰਧਿਤ ਕਿਸਾਨ, ਵਪਾਰੀ ਅਤੇ ਆੜ੍ਹਤੀਏ ਹੀ ਹਾਜ਼ਰ ਹੋ ਸਕਣਗੇ। ਇਸੇ ਤਰ੍ਹਾਂ ਫਲ ਮੰਡੀ ਸਵੇਰੇ 9 ਵਜੇ ਤੋਂ 11 ਵਜੇ ਤੱਕ ਲੱਗੇਗੀ ਜਿਸ ਵਿਚ ਫਲਾਂ ਨਾਲ ਸਬੰਧਿਤ ਖ਼ਰੀਦਦਾਰ ਵਪਾਰੀ ਅਤੇ ਆੜ੍ਹਤੀਏ ਹਾਜ਼ਰ ਹੋਣਗੇ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਫਲ ਅਤੇ ਸਬਜ਼ੀਆਂ ਨਾਲ ਸਬੰਧਿਤ ਕਿਸਾਨ, ਵਪਾਰੀ ਅਤੇ ਆੜ੍ਹਤੀਆਂ ਬਿਨਾਂ ਕਿਸੇ ਕੋਤਾਹੀ ਤੋਂ ਇਨ੍ਹਾਂ ਹੁਕਮਾਂ ਦੀ ਇੰਨ-ਬਿੰਨ ਪਾਲਨਾ ਕਰਨਗੇ ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ 3

ਨਗਰ ਕੌਂਸਲ,ਫਿਰੋਜ਼ਪੁਰ ਵੱਲੋਂ ਰੋਜ਼ਾਨਾ ਸ਼ਹਿਰ ਨੂੰ ਸੈਨੇਟਾਇਜ ਕੀਤਾ ਜਾ ਰਿਹਾ ਹੈ

ਕਰੋਨਾ ਵਾਇਰਸ ਦੇ ਬਚਾਅ ਲਈ ਸੈਨੇਟਾਇਜ ਸਪਰੇਅ ਨਿਰੰਤਰ ਜਾਰੀ

ਫਿਰੋਜ਼ਪੁਰ, 15 ਅਪ੍ਰੈਲ 2020.

ਨਗਰ ਕੌਂਸਲ ਫਿਰੋਜ਼ਪੁਰ ਵੱਲੋਂ ਪਿਛਲੇ ਕਈ ਦਿਨਾਂ ਤੋਂ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਕਰੋਨਾ ਵਾਇਰਸ ਦੇ ਬਚਾਅ ਲਈ ਡਿਸਇਨਫੈਕਟਿਡ ਸਪਰੇਅ ( ਸੈਨੀਟਾਇਜ਼ਰ ) ਕਰਵਾਇਆ ਜਾ ਰਿਹਾ ਹੈ। ਨਗਰ ਕੌਂਸਲ,ਫਿਰੋਜ਼ਪੁਰ ਵੱਲੋਂ ਹੁਣ ਤੱਕ ਸ਼ਹਿਰ ਦੇ ਸਾਰੇ ਵਾਰਡਾਂ, ਕਮਰਸ਼ੀਅਲ ਏਰੀਆ ਅਤੇ ਪਬਲਿਕ ਸਥਾਨ ਜਿਵੇਂ ਕਿ ਪਾਰਕ, ਸਟੇਡੀਅਮ, ਬੈਂਕ, ਧਾਰਮਿਕ ਸਥਾਨ ਅਤੇ ਜਿੰਨਾ ਸਥਾਨਾਂ ਤੇ ਲੰਗਰ ਤਿਆਰ ਹੋ ਰਹੀ ਹੈ, ਉਣਨਾ ਸਥਾਨਾਂ ਨੂੰ ਲਗਾਤਾਰ ਸੈਨੇਟਾਇਜ ਕਰਵਾਇਆ ਜਾ ਰਿਹਾ ਹੈ। ਹੁਣ ਨਗਰ ਕੌਂਸਲ,ਫਿਰੋਜ਼ਪੁਰ ਵੱਲੋਂ ਸ਼ਹਿਰ ਨੂੰ ਦੂਜੇ ਚਰਨ ਵਿਚ ਸੈਨੇਟਾਇਜ਼ ਦਾ ਕੰਮ ਸ਼ੁਰੂ ਕਰਵਾ ਦਿੱਤਾ ਹੈ।

ਇਸ ਤੋ ਇਲਾਵਾ ਲੋਕਡਾਊਨ ਦੇ ਚੱਲਦਿਆਂ ਨਗਰ ਕੌਂਸਲ ਦੇ ਸਮੂਹ ਸਫ਼ਾਈ ਕਰਮਚਾਰੀ ਜਿੱਥੇ ਸ਼ਹਿਰ ਨੂੰ ਲਗਾਤਾਰ ਸਾਫ਼-ਸੁਥਰਾ ਰੱਖ ਰਹੇ ਹਨ, ਉੱਥੇ ਸ਼ਹਿਰ ਅੰਦਰੋਂ ਲਗਭਗ 80 ਗਾਰਬੇਜ਼ ਕੁਲੇਕਟਰਾ ਰਾਹੀਂ ਘਰਾਂ ਵਿਚੋਂ 35 ਤੋ 40 ਟਨ ਕੱਚਰਾ ਇਕੱਠਾ ਕਰਵਾਇਆ ਜਾ ਰਿਹਾ ਹੈ।

ਅੱਜ ਕਾਰਜ ਸਾਧਕ ਅਫ਼ਸਰ ਸ੍ਰੀ ਪਰਮਿੰਦਰ ਸਿੰਘ ਸੁਖੀਜਾ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੈਨੇਟਰੀ ਇੰਸਪੈਕਟਰ ਸੁਖਪਾਲ ਸਿੰਘ ਅਤੇ ਗੁਰਇੰਦਰ ਸਿੰਘ ਜੀ ਦੀ ਅਗਵਾਈ ਹੇਠ ਫਿਰੋਜ਼ਪੁਰ ਸ਼ਹਿਰ ਦੀ ਅਨਾਜ ਮੰਡੀ ਵਿੱਚ ਮੁਕੰਮਲ ਰੂਪ ਵਿੱਚ ਸੈਨੀਟਾਇਜ਼ ਕੀਤਾ ਗਿਆ। ਕਿਉਂ ਜੋ ਸਰਕਾਰ ਦੀਆਂ ਹਦਾਇਤਾਂ ਅਨੁਸਾਰ 15 ਅਪ੍ਰੈਲ ਤੋਂ ਕਣਕ ਦੀ ਫ਼ਸਲ ਆਉਣੀ ਸ਼ੁਰੂ ਹੋ ਜਾਵੇਗੀ। ਇਸ ਲਈ ਇੱਥੋਂ ਦੇ ਆੜ੍ਹਤੀਆਂ, ਲੇਬਰ ਅਤੇ ਇੱਥੇ ਆਉਣ ਵਾਲੇ ਕਿਸਾਨਾਂ ਦੀ ਸੁਰੱਖਿਆ ਲਈ ਨਗਰ ਕੌਂਸਲ ਫਿਰੋਜ਼ਪੁਰ ਵੱਲੋਂ ਆਪਣੀ ਫਾਇਰ ਬ੍ਰਿਗੇਡ ਦੀ ਗੱਡੀ ਰਾਹੀਂ ਪੂਰੀ ਮੰਡੀ ਨੂੰ ਸੈਨੀਟਾਇਜ਼ ਕਰਵਾਇਆ ਗਿਆ।

ਅੰਤ ਵਿਚ ਕਾਰਜ ਸਾਧਕ ਅਫਸਰ ਸ੍ਰੀ ਪਰਮਿੰਦਰ ਸਿੰਘ ਸੁਖੀਜਾ ਨੇ ਦੱਸਿਆ ਕਿ ਸਫ਼ਾਈ ਕਰਮਚਾਰੀਆਂ ਅਤੇ ਸਪਰੇਅ ਓਪਰੇਟਰ ਨੂੰ ਉਣਨਾ ਦੀ ਸੁਰੱਖਿਆ ਲਈ ਸੇਫ਼ਟੀ ਕਿੱਟਾਂ ਅਤੇ ਮਾਸਕ, ਦਸਤਾਨੇ, ਹੈਂਡ ਸੈਨੇਟਾਇਜ ਉਪਲਬਧ ਕਰਵਾਏ ਗਏ ਹਨ। ਲੋਕਾਂ ਨੂੰ ਅਪੀਲ ਹੈ ਕਿ ਉਹ ਬਿਨਾ ਕਿਸੇ ਜ਼ਰੂਰੀ ਕੰਮ ਤੋ ਘਰ ਤੋ ਬਾਹਰ ਨਾ ਨਿਕਲਣ, ਕਰੋਨਾ ਤੋ ਬਚਣ ਲਈ ਘਰ ਅੰਦਰ ਰਹਿਣਾ ਹੀ ਸਭ ਤੋ ਵੱਡਾ ਇਲਾਜ ਹੈ।

ਇਸ ਮੌਕੇ ਤੇ ਮਾਰਕੀਟ ਕਮੇਟੀ ਦੇ ਚੇਅਰਮੈਨ ਸ੍ਰੀ ਸੁਖਵਿੰਦਰ ਸਿੰਘ ਅਟਾਰੀ, ਰਿੰਕੂ ਗਰੋਵਰ, ਪਰਮਿੰਦਰ ਹਾਂਡਾ, ਤੋਂ ਇਲਾਵਾ ਆੜ੍ਹਤੀਏ ਵੀ ਮੌਜੂਦ ਸਨ।

*ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ*

*ਪ੍ਰੈਸ ਨੋਟ 4*

*ਡਿਪਟੀ ਕਮਿਸ਼ਨਰ ਵੱਲੋਂ ਮੈਰੀਟੋਰੀਅਸ ਸਕੂਲ ਹਕੂਮਤ ਸਿੰਘ ਵਾਲਾ ਵਿੱਚ ਕੋਵਿਡ ਕੇਅਰ ਆਈਸੋਲੇਸ਼ਨ ਸੈਂਟਰ ਦੀ ਸਥਾਪਨਾ ਸਬੰਧੀ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ*

*ਕਿਹਾ, ਮੈਰੀਟੋਰੀਅਸ ਸਕੂਲ ਆਈਸੋਲੇਸ਼ਨ ਸੈਂਟਰ 100 ਬੈੱਡ ਦਾ ਬਣਾਇਆ ਜਾਣਾ ਹੈ ਲੋੜ ਅਨੁਸਾਰ ਗਿਣਤੀ ਵਧਾਈ ਵੀ ਜਾਵੇਗੀ*

*ਕੋਵਿਡ-19 ਸੈਂਟਰ ਦੀ ਮੈਨੇਜਮੈਂਟ ਕਮੇਟੀ ਬਣਾਈ ਜਾਵੇ ਤਾਂ ਜੋ ਇਹ ਸੈਂਟਰ ਸਫਲਤਾਪੂਰਵਕ ਨੇਪਰੇ ਚੜ੍ਹੇ*

*ਫਿਰੋਜ਼ਪੁਰ 15 ਅਪ੍ਰੈਲ 2020 ( ) ਕੋਵਿਡ-19 (ਕੋਰੋਨਾ) ਵਾਇਰਸ ਦੇ ਪ੍ਰਭਾਵ ਨੂੰ ਦੇਖਦਿਆਂ ਜ਼ਿਲ੍ਹੇ ਵਿੱਚ ਅਗਾਊਂ ਪ੍ਰਬੰਧਾਂ ਨੂੰ ਲੈ ਕੇ ਡਿਪਟੀ ਕਮਿਸ਼ਨਰ ਸ੍ਰ. ਕੁਲਵੰਤ ਸਿੰਘ ਵੱਲੋਂ ਮੈਰੀਟੋਰੀਅਸ ਸਕੂਲ ਹਕੂਮਤ ਸਿੰਘ ਵਾਲਾ ਵਿੱਚ ਕੋਵਿਡ ਕੇਅਰ ਆਈਸੋਲੇਸ਼ਨ ਸੈਂਟਰ ਦੀ ਸਥਾਪਨਾ ਸਬੰਧੀ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੌਕੇ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਜ.) ਸ੍ਰ. ਰਵਿੰਦਰ ਸਿੰਘ ਅਤੇ ਐੱਸ.ਡੀ.ਐੱਮ. ਸ੍ਰੀ. ਅਮਿਤ ਗੁਪਤਾ ਵੀ ਹਾਜ਼ਰ ਸਨ।*

*ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਭਾਵੇਂ ਸਾਡੇ ਜ਼ਿਲ੍ਹੇ ਵਿੱਚ ਕੋਰੋਨਾ ਵਾਇਰਸ ਦਾ ਕੋਈ ਵੀ ਕੇਸ ਨਹੀਂ ਹੈ ਪਰ ਸਾਨੂੰ ਹੁਣੇ ਤੋਂ ਹੀ ਚੌਕੰਨੇ ਹੋਣ ਦੀ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਕੋਵਿਡ ਕੇਅਰ ਆਈਸੋਲੇਸ਼ਨ ਸੈਂਟਰ ਦੀ ਸਥਾਪਨਾ ਦਾ ਮਕਸਦ ਇਹ ਹੈ ਕਿ ਜੇਕਰ ਜ਼ਿਲ੍ਹਾ ਫਿਰੋਜ਼ਪੁਰ ਵਿੱਚ ਜੇਕਰ ਕਿਸੇ ਕੋਰੋਨਾ ਪੋਜੇਟਿਵ ਮਰੀਜ਼ ਦੀ ਪੁਸ਼ਟੀ ਹੁੰਦੀ ਹੈ ਤਾਂ ਇਸ ਸੈਂਟਰ ਵਿੱਚ ਉਸ ਮਰੀਜ਼ ਨੂੰ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਆਈਸੋਲੇਸ਼ਨ ਸੈਂਟਰ 100 ਬੈੱਡ ਦਾ ਬਣਾਇਆ ਜਾਣਾ ਹੈ ਤੇ ਲੋੜ ਅਨੁਸਾਰ ਬੈੱਡਾਂ ਦੀ ਗਿਣਤੀ ਵਧਾਈ ਵੀ ਜਾਵੇਗੀ।*

*ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਤੇ ਸਿੱਖਿਆ ਵਿਭਾਗ ਸਮੇਤ ਸਬੰਧਿਤ ਵਿਭਾਗੀ ਅਧਿਕਾਰੀਆਂ ਤੋਂ ਇਸ ਆਈਸੋਲੇਸ਼ਨ ਸੈਂਟਰ ਵਿੱਚ ਤੈਨਾਤ ਕੀਤੇ ਸੁਪਰਵਾਈਜ਼ਰਾ, ਸਕਿਉਰਿਟੀ ਗਾਰਡਾ, ਨਰਸਾ, ਸੇਵਾਦਾਰਾਂ ਤੇ ਸਫ਼ਾਈ ਸੇਵਕਾਂ ਦੀਆਂ ਲਿਸਟਾਂ ਦੀ ਪ੍ਰਾਪਤ ਕੀਤੀਆਂ ਤੇ ਕਿਹਾ ਕਿ ਸਵੀਪਰ ਤੇ ਸਕਿਉਰਿਟੀ ਗਾਰਡ ਹੋਰ ਲਗਾਏ ਜਾਣ। ਉਨ੍ਹਾਂ ਕਿਹਾ ਕਿ ਇਹ ਡਿਊਟੀ ਅਮਲਾ ਆਪਣੀ ਡਿਊਟੀ ਪ੍ਰਤੀ ਪੂਰੀ ਤਰ੍ਹਾਂ ਪਹਿਲਾ ਤੋਂ ਹੀ ਚੌਕੰਨਾ ਹੋ ਜਾਵੇ ਤੇ ਆਪਣੀ ਡਿਊਟੀ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਵੇ। ਡਿਪਟੀ ਕਮਿਸ਼ਨਰ ਨੇ ਅੱਗੇ ਕਿਹਾ ਕਿ ਇਸ ਆਈਸੋਲੇਸ਼ਨ ਸੈਂਟਰ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਕੋਵਿਡ-19 ਸੈਂਟਰ ਦੀ ਮੈਨੇਜਮੈਂਟ ਕਮੇਟੀ ਬਣਾਈ ਜਾਵੇ। ਇਸ ਤੋਂ ਬਾਅਦ ਡਿਪਟੀ ਕਮਿਸ਼ਨਰ ਵੱਲੋਂ ਖ਼ੁਦ  ਕੋਵਿਡ ਕੇਅਰ ਆਈਸੋਲੇਸ਼ਨ ਸੈਂਟਰ ਦੇ ਕਮਰਿਆਂ ਤੇ ਬਾਥਰੂਮਾਂ ਦੀ ਚੈਕਿੰਗ ਕੀਤੀ ਗਈ ਤੇ ਸਬੰਧਿਤ ਵਿਭਾਗਾਂ ਨੂੰ ਕਿਹਾ ਗਿਆ ਕਿ ਪਾਣੀ, ਸਫ਼ਾਈ ਆਦਿ ਪ੍ਰਬੰਧ ਪਹਿਲਾਂ ਤੋਂ ਹੀ ਮੁਕੰਮਲ ਕਰ ਲਏ ਜਾਣ।*

*ਇਸ ਮੌਕੇ ਐੱਸ.ਪੀ. ਆਪ੍ਰੇਸ਼ਨ ਬਲਜੀਤ ਸਿੰਘ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਰਾਜਿੰਦਰ ਮਨਚੰਦਾ, ਡਿਪਟੀ ਡੀਈਓ ਮੋਗਾ ਪ੍ਰਗਟ ਸਿੰਘ ਬਰਾੜ ਅਤੇ ਨਾਇਬ ਤਹਿਸੀਲਦਾਰ ਯਾਦਵਿੰਦਰ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।*